ਪ੍ਰਧਾਨ ਮੰਤਰੀ ਗ੍ਰਾਮੀਣ ਵਿਕਾਸ ਡਿਜ਼ੀਟਲ ਸ਼ਾਖਰਤਾ ਅਭਿਆਨ ਤਹਿਤ ਆਮ ਲੋਕਾਂ ਅਤੇ ਵਿਦਿਆਰਥੀਆਂ ਨੂੰ ਦਿੱਤੀ ਜਾਵੇਗੀ ਕੰਪਿਓੂਟਰ ਟ੍ਰੇਨਿੰਗ : ਵਧੀਕ ਡਿਪਟੀ ਕਮਿਸ਼ਨਰ

ਲੋਕਾਂ ਨੂੰ ਵੱਧ ਤੋਂ ਵੱਧ ਫਾਇਦਾ ਲੈਣ ਦੀ ਕੀਤੀ ਅਪੀਲ

ਤਰਨਤਾਰਨ, 11 ਦਸੰਬਰ :

ਪ੍ਰਧਾਨ ਮੰਤਰੀ ਗ੍ਰਾਮੀਣ ਵਿਕਾਸ ਡਿਜ਼ੀਟਲ ਸ਼ਾਖਰਤਾ ਅਭਿਆਨ (ਪੀ.ਐਮ.ਜੀ. ਦਿਸ਼ਾ) ਤਹਿਤ ਵਧੀਕ ਡਿਪਟੀ ਕਮਿਸ਼ਨਰ (ਜਨਰਲ) ਸ੍ਰੀ ਸੰਦੀਪ ਰਿਸ਼ੀ ਵੱਲੋਂ ਵੱਖ-ਵੱਖ ਅਧਿਕਾਰੀਆਂ ਨਾਲ ਮੀਟਿੰਗ ਕੀਤੀ ਗਈ। ਮੀਟਿੰਗ ਵਿੱਚ ਜਨਰਲ ਸਹਾਇਕ ਸ੍ਰੀ ਹਰਚਰਣ ਸਿੰਘ, ਐਸ.ਡੀ.ਐਮ. ਖਡੂਰ ਸਾਹਿਬ ਡਾ. ਪੱਲਵੀ ਚੌਧਰੀ, ਐਸ.ਡੀ.ਐਮ. ਪੱਟੀ ਸ੍ਰੀ ਸੁਰਿੰਦਰ ਸਿੰਘ, ਜ਼ਿਲ੍ਹਾ ਸਿੱਖਿਆ ਅਫ਼ਸਰ (ਸੈਕੰਡਰੀ) ਸ੍ਰੀ ਨਿਰਮਲ ਸਿੰਘ, ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਸ੍ਰੀਮਤੀ ਹਰਦੀਪ ਕੌਰ, ਡੀ.ਆਈ.ਓ. ਸ੍ਰੀ ਵਿਜੇ ਕੁਮਾਰ ਸੋਨੀ, ਸੀ.ਐਸ.ਸੀ. ਦੇ ਜ਼ਿਲ੍ਹਾ ਮੈਨੇਜਰ ਸ੍ਰੀ ਸ਼ਮਸ਼ੇਰ ਸਿੰਘ ਤੋਂ ਇਲਾਵਾ ਸਾਰੇ ਬੀ.ਡੀ.ਪੀ.ਓ. ਮੌਜੂਦ ਸਨ।



ਇਸ ਮੌਕੇ ਸੰਬੋਧਨ ਕਰਦਿਆਂ ਵਧੀਕ ਡਿਪਟੀ ਕਮਿਸ਼ਨਰ ਨੇ ਕਿਹਾ ਕਿ ਪ੍ਰਧਾਨ ਮੰਤਰੀ ਗ੍ਰਾਮੀਣ ਵਿਕਾਸ ਡਿਜ਼ੀਟਲ ਸ਼ਾਖਰਤਾ ਅਭਿਆਨ ਦੇ ਤਹਿਤ ਜ਼ਿਲ੍ਹੇ ਦੇ ਹਰ ਪਿੰਡ ਵਿੱਚ ਆਮ ਲੋਕਾਂ ਨੂੰ ਡਿਜ਼ੀਟਲ ਸ਼ਾਖਰਤਾ ਦੀ ਟ੍ਰੇਨਿੰਗ ਦਿੱਤੀ ਜਾਵੇਗੀ। ਉਨ੍ਹਾਂ ਦੱਸਿਆ ਕਿ ਇਹ ਸਕੀਮ ਜ਼ਿਲ੍ਹੇ ਦੇ ਸਾਰੇ ਸਕੂਲਾਂ ਵਿੱਚ ਵੀ ਚਲਾਈ ਜਾਵੇਗੀ ਤਾਂ ਜੋ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਕੰਪਿਓੂਟਰ ਦੀ ਸਿੱਖਿਆ ਨਾਲ ਜੋੜ ਕੇ ਉਨ੍ਹਾਂ ਦੇ ਗਿਆਨ ਵਿੱਚ ਵਾਧਾ ਕੀਤਾ ਜਾ ਸਕੇ।

ਉਨ੍ਹਾਂ ਦੱਸਿਆ ਕਿ ਇਸ ਅਭਿਆਨ ਦੇ ਤਹਿਤ 14 ਤੋਂ 60 ਸਾਲ ਦੇ ਸਿਖਿਆਰਥੀਆਂ ਨੂੰ ਕੰਪਿਓੂਟਰ ਟ੍ਰੇਨਿੰਗ ਦਿੱਤੀ ਜਾਵੇਗੀ। ਉਨ੍ਹਾਂ ਲੋਕਾਂ ਨੂੰ ਪ੍ਰਧਾਨ ਮੰਤਰੀ ਗ੍ਰਾਮੀਣ ਵਿਕਾਸ ਡਿਜ਼ੀਟਲ ਸ਼ਾਖਰਤਾ ਅਭਿਆਨ ਦਾ ਵੱਧ ਤੋਂ ਵੱਧ ਫਾਇਦਾ ਲੈਣ ਦੀ ਅਪੀਲ ਕੀਤੀ। ਵਧੀਕ ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਇਸ ਅਭਿਆਨ ਦੇ ਤਹਿਤ ਲੋਕਾਂ ਨੂੰ ਜਾਗਰੂਕ ਕਰਨ ਲਈ ਵਿਸ਼ੇਸ਼ ਯਤਨ ਕੀਤੇ ਜਾਣ ਤਾਂ ਜੋ ਲੋਕ ਇਸ ਦਾ ਵੱਧ ਤੋਂ ਵੱਧ ਲਾਭ ਲੈ ਸਕਣ।

---------------------